# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 24-04-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਭਾਰਤ, ਸਾਰੇ ਦਹਿਸ਼ਤਗਰਦਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਸਖ਼ਤ ਸਜ਼ਾ ਦੇਵੇਗਾ।
- ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਮੱਦੇਨਜ਼ਰ, ਸਰਕਾਰ ਵਲੋਂ ਅੱਜ ਦਿੱਲੀ ਵਿੱਚ ਇੱਕ ਸਰਬ-ਪਾਰਟੀ ਮੀਟਿੰਗ ਕੀਤੀ ਜਾ ਰਹੀ ਏ ।
- ਭਾਰਤ ਵੱਲੋਂ ਪਾਕਿਸਤਾਨ ਖਿਲਾਫ ਕੀਤੀ ਗਈ ਕਾਰਵਾਈ ਦੇ ਮੱਦੇਨਜ਼ਰ ਪੰਜਾਬ ਵਿਚ ਅਟਾਰੀ ਹੁਸੈਨੀਵਾਲਾ ਅਤੇ ਸਾਦਕੀ ਸਰਹੱਦ ਦੇ ਭਾਰਤੀ ਪਾਸੇ ਦੇ ਗੇਟ ਨਹੀਂ ਖੁੱਲ੍ਹਣਗੇ ।
- ਕੌਮੀ ਪੰਚਾਇਤੀ ਰਾਜ ਦਿਵਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਨਸ਼ਾ ਮੁਕਤ ਪਿੰਡਾਂ ਲਈ ਵੱਡੇ ਪ੍ਰਾਜੈਕਟਾਂ ਸਮੇਤ ਮਾਲੀ ਮਦਦ ਦੇਣ ਦਾ ਕੀਤਾ ਐਲਾਨ ।
- ਆਕਾਸ਼ਵਾਣੀ ਅਤੇ ਦੂਰਦਰਸ਼ਨ ਜਲੰਧਰ ਵਲੋਂ OTT ਪਲੇਟਫਾਰਮ WAVES ਬਾਰੇ ਆਮ ਲੋਕਾਂ ਨੂੰ ਮੀਡਿਆ ਰਾਹੀਂ ਜਾਗਰੂਕ ਕਰਨ ਲਈ ਇਕ ਪ੍ਰੈਸ ਕਾਨਫਰੰਸ ਆਯੋਜਿਤ ।

- ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਲੋਂ ਕੁਦਰਤੀ ਸਰੋਤਾਂ ਦੀ ਸੰਭਾਲ ਦੇ ਸੱਦੇ ਨਾਲ ਇਕ ਰੋਜ਼ਾ ਵਰਕਸ਼ਾਪ ਕਰਵਾਈ ਗਈ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ, ਹਰ ਦਹਿਸ਼ਤਗਰਦ ਅਤੇ ਉਸਦਾ ਸਮਰਥਨ ਕਰਨ ਵਾਲਿਆਂ ਦੀ ਪਛਾਣ ਕਰੇਗਾ ਅਤੇ ਉਨ੍ਹਾਂ ਦਾ ਪਤਾ ਲਗਾਏਗਾ ਤੇ ਦੋਸ਼ੀਆਂ ਨੂੰ ਸਜ਼ਾ ਦੇਵੇਗਾ।ਉਨ੍ਹਾਂ ਕਿਹਾ ਕਿ ਦਹਿਸ਼ਤਗਰਦਾ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਭਾਰਤ ਦੁਨੀਆ ਦੇ ਕਿਸੇ ਵੀ ਕੋਨੇ ਤੋਂ ਅਪਰਾਧੀਆਂ ਨੂੰ ਲੱਭ ਲਵੇਗਾ।**BYTE:**

ਰਾਸ਼ਟਰੀ ਪੰਚਾਇਤੀ ਰਾਜ ਦਿਵਸ ਦੇ ਮੌਕੇ 'ਤੇ ਬਿਹਾਰ ਦੇ ਮਧੂਬਨੀ ਜ਼ਿਲ੍ਹੇ ਵਿੱਚ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਨਿਆਂ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਅਤੇ ਪੂਰਾ ਦੇਸ਼ ਇਸ ਇਰਾਦੇ 'ਤੇ ਦ੍ਰਿੜ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਹਰ ਉਹ ਵਿਅਕਤੀ ਜੋ ਮਨੁੱਖਤਾ ਵਿੱਚ ਵਿਸ਼ਵਾਸ ਰੱਖਦਾ ਏ , ਭਾਰਤ ਦੇ ਨਾਲ ਏ। ਸ਼੍ਰੀ ਮੋਦੀ ਨੇ ਕਿਹਾ ਕਿ 22 ਅਪ੍ਰੈਲ ਨੂੰ ਦਹਿਸ਼ਤਗਰਦਾ  ਨੇ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਮਾਸੂਮ ਲੋਕਾਂ ਦੀ ਹੱਤਿਆ ਕਰ ਦਿੱਤੀ। ਪੂਰਾ ਦੇਸ਼ ਇਸ ਘਟਨਾ ਤੋਂ ਦੁਖੀ ਏ ਅਤੇ

ਪ੍ਰਭਾਵਿਤ ਪਰਿਵਾਰਾਂ ਦੇ ਨਾਲ ਖੜ੍ਹਾ ਏ। ਆਪਣਾ ਭਾਸ਼ਣ ਸ਼ੁਰੂ ਕਰਨ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨੇ ਪਹਿਲਗਾਮ ਦਹਿਸ਼ਤਗਰਦੀ ਹਮਲੇ ਵਿੱਚ ਜਾਨਾਂ ਗੁਆਉਣ ਵਾਲਿਆਂ ਨੂੰ ਸ਼ਰਧਾਂਜਲੀ ਦੇਣ ਲਈ ਇੱਕ ਮਿੰਟ ਦਾ ਮੌਨ ਵੀ ਰੱਖਿਆ। ਪ੍ਰਧਾਨ ਮੰਤਰੀ ਮੋਦੀ ਨੇ ਅੱਜ ਮਧੂਬਨੀ ਤੋਂ 13 ਹਜ਼ਾਰ 480 ਕਰੋੜ ਰੁਪਏ ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ ਅਤੇ ਨੀਂਹ ਪੱਥਰ ਰੱਖਿਆ। ਉਨ੍ਹਾਂ ਨੇ ਸਮਾਗਮ ਦੌਰਾਨ ਰਾਸ਼ਟਰੀ ਪੰਚਾਇਤ ਪੁਰਸਕਾਰ ਵੀ ਭੇਟ ਕੀਤੇ, ਜੋ ਕਿ ਸ਼ਾਨਦਾਰ ਪੰਚਾਇਤਾਂ ਨੂੰ ਸਨਮਾਨਿਤ ਕਰਨ ਅਤੇ ਉਤਸ਼ਾਹਿਤ ਕਰਨ ਲਈ ਦਿੱਤੇ ਜਾਂਦੇ ਹਨ। ਸ਼੍ਰੀ ਮੋਦੀ ਨੇ ਕਿਹਾ ਕਿ ਪਿਛਲੇ ਕੁਝ ਸਾਲਾਂ ਵਿੱਚ ਦੇਸ਼ ਵਿੱਚ ਤੀਹ ਹਜ਼ਾਰ ਨਵੀਆਂ ਪੰਚਾਇਤ ਇਮਾਰਤਾਂ ਵੀ ਬਣਾਈਆਂ ਗਈਆਂ ਨੇ।

**BYTE:**

ਇਸ ਮੌਕੇ 'ਤੇ, ਸ਼੍ਰੀ ਮੋਦੀ ਨੇ 870 ਕਰੋੜ ਰੁਪਏ ਦੇ ਰੇਲਵੇ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਚਾਰ ਰੇਲ ਗੱਡੀਆਂ ਨੂੰ ਝੰਡੀ ਦਿਖਾਈ। ਇਹ ਸਾਰੇ ਪ੍ਰੋਜੈਕਟ ਖੇਤਰ ਵਿੱਚ ਰੇਲ ਸੰਪਰਕ ਨੂੰ ਬਿਹਤਰ ਬਣਾਉਣਗੇ ਅਤੇ ਸਮਾਜਿਕ-ਆਰਥਿਕ ਵਿਕਾਸ ਨੂੰ ਵੀ ਉਤਸ਼ਾਹਿਤ ਕਰਨਗੇ।

---

ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਮੱਦੇਨਜ਼ਰ, ਸਰਕਾਰ ਵਲੋਂ ਅੱਜ

ਦਿੱਲੀ ਵਿੱਚ ਇੱਕ ਸਰਬ-ਪਾਰਟੀ ਮੀਟਿੰਗ ਕੀਤੀ ਜਾ ਰਹੀ ਏ ।ਰੱਖਿਆ ਮੰਤਰੀ ਰਾਜਨਾਥ ਸਿੰਘ ਵੱਖਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੂੰ ਹਮਲੇ ਬਾਰੇ ਜਾਣਕਾਰੀ ਦੇਣਗੇ। ਇਸ ਤੋਂ ਇਲਾਵਾ, ਉਹ ਉਨ੍ਹਾਂ ਨੂੰ ਇਸ ਘਟਨਾ ਤੋਂ ਬਾਅਦ ਪਾਕਿਸਤਾਨ ਖਿਲਾਫ ਚੁੱਕੇ ਗਏ ਕਦਮਾਂ ਬਾਰੇ ਵੀ ਜਾਣਕਾਰੀ ਪ੍ਰਦਾਨ ਕਰਨਗੇ।

---------------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਵਿਦੇਸ਼ ਮੰਤਰੀ ਡਾ: ਐਸ ਜੈਸ਼ੰਕਰ ਨੇ ਅੱਜ ਦੁਪਹਿਰ ਰਾਸ਼ਟਰਪਤੀ ਭਵਨ ਵਿਖੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ। ਇਹ ਮੀਟਿੰਗ ਪਹਿਲਗਾਮ ਦਹਿਸ਼ਤਗਰਦੀ ਹਮਲੇ ਅਤੇ ਇਸ ਦੇ ਜਵਾਬ ਵਿੱਚ ਭਾਰਤ ਵੱਲੋਂ ਚੁੱਕੇ ਗਏ ਸਖ਼ਤ ਕਦਮਾਂ ਤੋਂ ਬਾਅਦ ਹੋਈ ਸੀ।

---------------------------------------------------------------

ਕਸ਼ਮੀਰ ਦੇ ਪਹਿਲਗਾਮ ਵਿੱਚ ਸੈਲਾਨੀਆਂ 'ਤੇ ਹੋਏ ਘਿਨਾਉਣੇ ਦਹਿਸ਼ਤਗਰਦੀ ਹਮਲੇ ਅਤੇ ਉਸ ਤੋਂ ਬਾਅਦ ਭਾਰਤ ਵੱਲੋਂ ਪਾਕਿਸਤਾਨ ਖਿਲਾਫ ਕੀਤੀ ਗਈ ਕਾਰਵਾਈ, ਜਿਸ ਵਿੱਚ ਅਟਾਰੀ ਸਰਹੱਦ ਬੰਦ ਕਰਨਾ ਸ਼ਾਮਲ ਏ, ਦੇ ਮੱਦੇਨਜ਼ਰ, ਅੱਜ ਅੰਮ੍ਰਿਤਸਰ ਦੀ ਅਟਾਰੀ, ਫਿਰੋਜ਼ਪੁਰ ਦੀ ਹੁਸੈਨੀਵਾਲਾ ਅਤੇ ਫਾਜ਼ਿਲਕਾ ਦੀ ਸਾਦਕੀ ਸਰਹੱਦ 'ਤੇ

ਭਾਰਤੀ ਪਾਸੇ ਦੇ ਗੇਟ ਨਹੀਂ ਖੁੱਲ੍ਹਣਗੇ । ਸੀਮਾ ਸੁਰੱਖਿਆ ਬਲ ਦੇ ਸੀਨੀਅਰ ਸੂਤਰਾਂ ਦੇ ਹਵਾਲੇ ਨਾਲ, ਜਲੰਧਰ ਤੋਂ ਸਾਡੇ ਪੱਤਰਕਾਰ ਨੇ ਦਸਿਆ ਕਿ ਰਿਟਰੀਟ ਸਮਾਗਮ ਦੌਰਾਨ ਵੀ ਕੋਈ ਗੇਟ ਨਹੀਂ ਖੋਲ੍ਹਿਆ ਜਾਵੇਗਾ। ਇਸ ਦੇ ਨਾਲ ਹੀ ਸੂਰਜ ਡੁੱਬਣ ਵੇਲੇ ਭਾਰਤੀ ਝੰਡਾ ਉਤਾਰਨ ਤੋਂ ਬਾਅਦ ਪ੍ਰੋਟੋਕੋਲ ਵਾਂਗ ਹੱਥ ਨਹੀਂ ਮਿਲਾਇਆ ਜਾਵੇਗਾ। ਇਸ ਦੌਰਾਨ, ਅੱਜ ਵਿਸ਼ਵ ਪ੍ਰਸਿੱਧ ਰਿਟਰੀਟ ਸਮਾਗਮ ਦੇਖਣ ਲਈ ਅਟਾਰੀ-ਵਾਹਗਾ ਸਾਂਝੀ ਚੈੱਕ ਪੋਸਟ 'ਤੇ ਆਉਣ ਵਾਲੇ ਸੈਂਕੜੇ ਸੈਲਾਨੀ ਇਸ ਹਮਲੇ ਤੋਂ ਨਾਖੁਸ਼ ਅਤੇ ਗੁੱਸੇ ਵਿੱਚ ਸਨ। ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਹਮਲੇ ਲਈ ਜ਼ਿੰਮੇਵਾਰ ਲੋਕਾਂ ਖਿਲਾਫ ਕਾਰਵਾਈ ਕੀਤੀ ਜਾਣੀ ਚਾਹੀਦੀ ਏ ।**BYTE**:

------------------------------------------------------------

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਪਿੰਡਾਂ ਦੀਆਂ ਪੰਚਾਇਤਾਂ ਤੋਂ ਸਮਰਥਨ ਦੀ ਮੰਗ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਨਸ਼ਾ ਮੁਕਤ ਪਿੰਡਾਂ ਲਈ ਵੱਡੇ ਪ੍ਰਾਜੈਕਟਾਂ ਦੇ ਨਾਲ-ਨਾਲ ਮਾਲੀ ਮਦਦ ਦੇਣ ਦਾ ਐਲਾਨ ਕੀਤਾ । ਪੰਚਾਇਤ ਦਿਵਸ ਸਬੰਧੀ ਕਰਵਾਏ ਸੂਬਾ ਪੱਧਰੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜੋ ਪਿੰਡ ਆਪਣੇ ਆਪ ਨੂੰ ਨਸ਼ਾ ਮੁਕਤ ਪਿੰਡ

ਐਲਾਨੇਗਾ, ਉਸ ਨੂੰ ਹੋਰ ਅਤਿ-ਆਧੁਨਿਕ ਸਹੂਲਤਾਂ ਤੋਂ ਇਲਾਵਾ ਇਕ ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਸਰਪੰਚਾਂ ਨੂੰ ਇਸ ਨੇਕ ਕਾਰਜ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਕਿਹਾ ਤਾਂ ਜੋ ਸਰਗਰਮ ਜਨਤਕ ਸਹਿਯੋਗ ਨਾਲ ਸੂਬੇ ਵਿੱਚੋਂ ਨਸ਼ਿਆਂ ਦਾ ਸਫ਼ਾਇਆ ਕੀਤਾ ਜਾ ਸਕੇ। ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਸਰਪੰਚਾਂ ਨੂੰ ਚੁਣੇ ਜਾਣ ਵਾਲੇ ਦਿਨ ਤੋਂ ਹੀ 2000 ਰੁਪਏ ਪ੍ਰਤੀ ਮਹੀਨਾ ਮਾਣ-ਭੱਤਾ ਦਿੱਤਾ ਜਾਵੇਗਾ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ 2000 ਰੁਪਏ ਦਾ ਇਹ ਮਾਣ-ਭੱਤਾ ਨਿਯਮਤ ਅਤੇ ਸਥਾਈ ਹੋਵੇਗਾ । ਮੁੱਖ ਮੰਤਰੀ ਨੇ ਕਿਹਾ ਕਿ ਪੰਚਾਇਤੀ ਸੰਸਥਾਵਾਂ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਅਤੇ ਵਿਕਾਸਮੁਖੀ ਸਕੀਮਾਂ ਦਾ ਲਾਭ ਹੇਠਲੇ ਪੱਧਰ ਉਤੇ ਪਹੁੰਚਾਉਣ ਲਈ ਸਭ ਤੋਂ ਵੱਧ ਸਹਾਈ ਹੁੰਦੀਆਂ ਨੇ । ਮੁੱਖ ਮੰਤਰੀ ਨੇ ਪਿੰਡਾਂ ਦੇ ਵਿਕਾਸ ਨਾਲ ਸਬੰਧਤ ਵੱਖ-ਵੱਖ ਸ਼੍ਰੇਣੀਆਂ ਵਿੱਚ ਪੰਚਾਇਤ ਦੀ ਪ੍ਰਗਤੀ ਬਾਰੇ ਸੂਚਕ ਅੰਕ ਵਿੱਚ ਸਭ ਤੋਂ ਵੱਧ ਅੰਕ ਲੈ ਕੇ ਸੂਬੇ ਭਰ ਵਿੱਚੋਂ ਪਹਿਲਾ ਸਥਾਨ ਹਾਸਲ ਕਰਨ ਵਾਲੀ ਬਠਿੰਡਾ ਜ਼ਿਲ੍ਹੇ ਦੀ ਗ੍ਰਾਮ ਪੰਚਾਇਤ ਬੱਲ੍ਹੋ ਦੀ ਪੰਚਾਇਤ ਨੂੰ ਸਨਮਾਨਿਤ ਕੀਤਾ।ਇਸ ਤੋਂ ਇਲਾਵਾ ਵੱਖ-ਵੱਖ ਵਰਗਾਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੀਆਂ 9 ਪੰਚਾਇਤਾਂ ਅਤੇ ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ ਵੀ ਮੁੱਖ ਮੰਤਰੀ ਨੇ ਸਨਮਾਨਿਤ ਕੀਤਾ। ਮੁੱਖ ਮੰਤਰੀ ਨੇ ਚੰਗੀ ਕਾਰਗੁਜ਼ਾਰੀ

ਦਿਖਾਉਣ ਵਾਲੇ ਸਵੈ-ਸਹਾਇਤਾ ਗਰੁੱਪ ਅਤੇ ਪੰਚਾਇਤ ਸਕੱਤਰਾਂ ਦਾ ਵੀ ਸਨਮਾਨ ਕੀਤਾ।

---------------------------------------------------------------

ਇਸ ਮੌਕੇ ਜ਼ਿਲਾ ਗੁਰਦਾਸਪੁਰ ਵਿਚ ਪੰਚਾਇਤ ਪੈਰੋਸ਼ਾਹ ਪਿੰਡ ਦੇ ਸਰਪੰਚ ਸੁਖਰਾਜ ਸਿੰਘ ਨੇ ਪਿੰਡ ਵਾਸਤੇ ਕੀਤੇ ਕਾਰਜਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ।:**BYTE:**

---------------------------------------------------------------

ਭਾਰਤ ਦੇ ਲੋਕ ਸੇਵਾ ਪ੍ਰਸਾਰਕ ਪ੍ਰਸਾਰ ਭਾਰਤੀ, ਵਲੋਂ ਡਿਜੀਟਲ ਸਟ੍ਰੀਮਿੰਗ ਸੇਵਾਵਾਂ ਦੀ ਵੱਧਦੀ ਮੰਗ ਨੂੰ ਪੂਰਾ ਕਰਨ ਲਈ OTT ਪਲੇਟਫਾਰਮ ਦੇ ਖੇਤਰ ਵਿੱਚ ਸ਼ੁਰੂ ਕੀਤੇ ਗਏ ਉੱਦਮ ਤਹਿਤ WAVES ਦੇ ਨਾਂਅ ਤੋਂ ਸ਼ੁਰੂ ਕੀਤੇ ਇਸ ਪਲੇਟਫਾਰਮ ਬਾਰੇ ਆਮ ਲੋਕਾਂ ਨੂੰ ਮੀਡਿਆ ਰਾਹੀਂ ਜਾਗਰੂਕ ਕਰਨ ਲਈ ਅੱਜ ਇਕ ਪ੍ਰੈਸ ਕਾਨਫਰੰਸ ਕੀਤੀ ਗਈ । ਆਕਾਸ਼ਵਾਣੀ ਜਲੰਧਰ ਵਿਖੇ ਹੋਈ ਇਸ ਪ੍ਰੈਸ ਕਾਨਫਰੰਸ ਦੌਰਾਨ ਇੱਕ ਡਿਜੀਟਲ ਪੇਸ਼ਕਾਰੀ ਰਾਹੀਂ WAVES OTT ਪਲੇਟਫਾਰਮ ਬਾਰੇ ਮੀਡੀਆ ਨੂੰ ਵਿਸਥਾਰ ਵਿੱਚ ਜਾਣਕਾਰੀ ਦਿੰਦੇ ਹੋਏ ਪ੍ਰੋਗਰਾਮ ਮੁਖੀ, ਪਰਮਜੀਤ ਸਿੰਘ ਨੇ ਦੱਸਿਆ ਕਿ ਇਸ ਪਲੇਟਫਾਰਮ ਦਾ ਉਦੇਸ਼ ਕਲਾਸਿਕ ਸਮੱਗਰੀ ਅਤੇ ਸਮਕਾਲੀ ਪ੍ਰੋਗਰਾਮਿੰਗ ਦਾ ਇੱਕ ਅਮੀਰ

ਰਲੇਵਾਂ ਪੇਸ਼ ਕਰਕੇ ਆਧੁਨਿਕ ਡਿਜੀਟਲ ਰੁਝਾਨਾਂ ਨੂੰ ਅਪਣਾਉਂਦੇ ਹੋਏ ਪੁਰਾਣੀਆਂ ਯਾਦਾਂ ਨੂੰ ਪੂਰਾ ਕਰਨਾ ਏ । ਇਸ ਮੌਕੇ ਆਕਾਸ਼ਵਾਣੀ ਜਲੰਧਰ ਦੇ ਡਿਪਟੀ ਡਾਇਰੈਕਟਰ ਜਨਰਲ (ਇੰਜੀਨੀਅਰਿੰਗ ), ਰਣਜੀਤ ਮੀਣਾ,ਜਲੰਧਰ ਦੂਰਦਰਸ਼ਨ ਦੇ ਡਿਪਟੀ ਡਾਇਰੈਕਟਰ (ਇੰਜੀਨੀਅਰਿੰਗ) ਕਰਨਬੀਰ ਸਿੰਘ, ਦੂਰਦਰਸ਼ਨ ਪ੍ਰੋਗ੍ਰਾਮ ਹੈਡ, ਕੇਵਲ ਕ੍ਰਿਸ਼ਨ, ਆਕਾਸ਼ਵਾਣੀ ਦੇ ਡਿਪਟੀ ਡਾਇਰੈਕਟਰ (ਇੰਜੀਨੀਅਰਿੰਗ), ਦਿਲਬਾਗ ਸਿੰਘ ਸਮੇਤ ਆਕਾਸ਼ਵਾਣੀ ਸਮਾਚਾਰ ਜਲੰਧਰ ਮੁਖੀ, ਰਾਜੇਸ਼ ਬਾਲੀ ਵੀ ਮੌਜੂਦ ਸਨ। ਪਰਮਜੀਤ ਸਿੰਘ ਨੇ ਦਸਿਆ ਕਿ ਇਸ ਪਲੇਟਫਾਰਮ ਤੇ ਭਾਰਤ ਦੇ ਅਤੀਤ ਨਾਲ ਸੱਭਿਆਚਾਰਕ ਅਤੇ ਭਾਵਨਾਤਮਕ ਸਬੰਧਾਂ ਦੀ ਭਾਲ ਕਰਨ ਵਾਲੇ ਦਰਸ਼ਕਾਂ ਸਮੇਤ ਅਜਕਲ ਦੇ ਆਧੁਨਿਕ ਜ਼ਮਾਨੇ ਦੇ ਨੌਜਵਾਨਾਂ ਲਈ ਵੀ ਫ਼ਿਲਮਾਂ ਅਤੇ ਸੀਰੀਅਲ ਉਪਲਬਧ ਨੇ IWAVES ਪਲੇਟਫਾਰਮ ਪ੍ਰਸਾਰਣ ਦੇ ਖੇਤਰ ਵਿੱਚ ਇਤਿਹਾਸ ਰਚਣ ਵਾਲੇ ਕਲਾਸਿਕ ਸੀਰੀਅਲਾਂ ਦੀ ਇੱਕ ਵਿਸ਼ਾਲ ਅਤੇ ਅਮੀਰ ਲਾਇਬ੍ਰੇਰੀ ਦੇ ਨਾਲਨਾਲ ਖ਼ਬਰਾਂ, ਦਸਤਾਵੇਜ਼ੀ ਅਤੇ ਖੇਤਰੀ ਸਮੱਗਰੀ ਦੀ ਪੇਸ਼ਕਸ਼ ਕਰਦਾ ਏ । ਇਸ ਪਲੇਟਫਾਰਮ ਨੂੰ ਸਮਾਰਟਫੋਨ, Tablets ਅਤੇ ਸਮਾਰਟ ਟੇਲੀਵਿਜ਼ਨ ਤੇ ਮੁਫ਼ਤ ਡਾਊਨਲੋਡ ਕੀਤਾ ਜਾ ਸਕਦਾ ਏ ।

------------------------------------------------------

ਲੁਧਿਆਣਾ ਸਥਿਤ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਡਾਇਰੈਕਟੋਰੇਟ ਪਸਾਰ ਸਿੱਖਿਆ ਵਲੋਂ ਅੱਜ ਆਉਂਦੇ ਫਸਲੀ ਸੀਜ਼ਨ ਦੌਰਾਨ ਕੁਦਰਤੀ ਸੋਮਿਆਂ ਦੀ ਸੰਭਾਲ ਦੇ ਉਦੇਸ਼ ਨਾਲ ਇਕ ਰੋਜ਼ਾ ਵਰਕਸ਼ਾਪ ਕਰਵਾਈ ਗਈ। ਇਸ ਵਰਕਸ਼ਾਪ ਵਿਚ ਮੁੱਖ ਮਹਿਮਾਨ ਵਜੋਂ PAU ਦੇ ਵਾਈਸ ਚਾਂਸਲਰ ਡਾ ਸਤਿਬੀਰ ਸਿੰਘ ਗੋਸਲ ਸ਼ਾਮਿਲ ਹੋਏ। ਵਰਕਸ਼ਾਪ ਵਿੱਚ 300 ਤੋਂ ਜ਼ਿਆਦਾ ਖੇਤੀ ਵਿਗਿਆਨੀਆਂ ਨੇ ਸ਼ਿਰਕਤ ਕੀਤੀ । ਡਾ ਸਤਿਬੀਰ ਸਿੰਘ ਗੋਸਲ ਨੇ ਪਾਣੀ ਦੇ ਬੇਥਵੀ ਖਪਤ ਕਰਨ ਵਾਲੀ ਕਿਸਮ ਪੂਸਾ-44 ਤੋਂ ਗ਼ੁਰੇਜ਼ ਕਰਨ ਅਤੇ ਪਾਣੀ ਦੀ ਬੱਚਤ ਕਰਨ ਵਾਲੀਆਂ ਝੋਨੇ ਦੀਆਂ ਕਿਸਮਾਂ ਪੀ.ਆਰ 121, ਪੀ.ਆਰ 126, ਪੀ.ਆਰ 127, ਪੀ.ਆਰ 128, ਪੀ.ਆਰ 129 ਅਤੇ ਪੀ.ਆਰ 130, ਦੀ ਬਿਜਾਈ ਦੀ ਅਪੀਲ ਪੰਜਾਬ ਦੇ ਕਿਸਾਨਾਂ ਨੂੰ ਕੀਤੀ ।**BYTE**:

ਇਸ ਵਰਕਸ਼ਾਪ ਵਿੱਚ ਕੁੱਲ 326 ਵਿਗਿਆਨੀਆਂ ਨੇ ਸ਼ਿਰਕਤ ਕੀਤੀ ।ਪੰਜਾਬ ਦੇ ਮੁੱਖ ਭੂਮੀ ਸੰਭਾਲ ਅਧਿਕਾਰੀ ਮਹਿੰਦਰ ਸਿੰਘ ਨੇ ਸਿੰਚਾਈ ਲਈ ਬਿਜਲੀ ਦੀ ਖਪਤ ਘਟਾਉਣ ਅਤੇ ਪੰਜਾਬ ਦੇ ਸਮੁੱਚੇ ਵਾਹੀਯੋਗ ਰਕਬੇ ਉੱਪਰ ਨਹਿਰੀ ਪਾਣੀ ਪੁਚਾਉਣ ਦੀ ਸਰਕਾਰੀ ਮੰਸ਼ਾ ਜ਼ਾਹਿਰ ਕੀਤੀ। ਉਨ੍ਹਾਂ ਸਿੰਚਾਈ ਦੇ ਉਦੇਸ਼ ਨਾਲ ਸੌਰ ਊਰਜਾ ਪ੍ਰਣਾਲੀ ਨਾਲ

ਤਲਾਅ ਦੇ ਪਾਣੀ ਦੀ ਵਰਤੋਂ ਕਰਨ ਅਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਪਾਣੀ ਦੀ ਖੜ੍ਹੋਤ ਨੂੰ ਰੋਕਣ ਲਈ ਡਰੇਨੇਜ ਸਿਸਟਮ ਸਥਾਪਤ ਕਰਨ ਦੀ ਤਜਵੀਜ਼ ਕੀਤੀ। ਉਨ੍ਹਾਂ ਨੇ ਪਾਣੀ ਬਚਾਉਣ ਵਾਲੀ ਤਕਨਾਲੋਜੀ ਸੂਖਮ ਸਿੰਚਾਈ ਪ੍ਰਣਾਲੀ ਅਤੇ ਇਸ ਉੱਪਰ ਸੂਬਾ ਸਰਕਾਰ ਵੱਲੋਂ 90 ਫੀਸਦੀ ਸਬਸਿਡੀ ਬਾਰੇ ਦੱਸਿਆ। ਪੀ ਏ ਦੇ ਨਿਰਦੇਸ਼ਕ ਖੋਜ ਡਾ ਅਜਮੇਰ ਸਿੰਘ ਨੇ ਸਿੰਚਾਈ ਦੀਆਂ ਤਕਨੀਕੀ ਯੁਗਤਾਂ ਦਾ ਖੁਲਾਸਾ ਕਰਦਿਆਂ ਸੈਂਸਰ-ਅਧਾਰਤ ਸਿੰਚਾਈ ਪ੍ਰਣਾਲੀ ਬਾਰੇ ਦੱਸਿਆ । ਪੀ.ਏ.ਯੂ ਦੇ ਵੱਖ-ਵੱਖ ਵਿਭਾਗਾਂ ਵਲੋਂ ਤਕਨੀਕਾਂ ਦੇ ਲਈ ਪ੍ਰਦਰਸ਼ਨੀਆ ਵੀ ਲਗਾਈਆ ਗਈਆ।

---------------------------------------------------------------------

ਵਿਸ਼ਵ ਸਿਹਤ ਸੰਗਠਨ ਦਾ ਵਿਸ਼ਵ ਟੀਕਾਕਰਨ ਹਫ਼ਤਾ2025 ਅੱਜ ਤੋਂ ਸ਼ੁਰੂ ਹੋ ਗਿਆ ਏ ।ਇਹ ਮੁਹਿੰਮ ਇਸ ਮਹੀਨੇ ਦੀ 30 ਤਰੀਕ ਤੱਕ ਸਾਰੇ ਮੁਲਕਾਂ ਵਿੱਚ ਚੱਲੇਗੀ । ਵਿਸ਼ਵ ਟੀਕਾਕਰਨ ਹਫ਼ਤਾ ਹਰ ਸਾਲ ਅਪ੍ਰੈਲ ਦੇ ਆਖਰੀ ਹਫ਼ਤੇ ਮਨਾਇਆ ਜਾਂਦਾ ਏ ।ਇਸਦਾ ਉਦੇਸ਼ ਟੀਕਾਕਰਨ ਦੀ ਜੀਵਨ ਰੱਖਿਅਕ ਸੰਭਾਵਨਾ ਨੂੰ ਉਤਸ਼ਾਹਿਤ ਕਰਨਾ ਏ । ਇਸ ਸਾਲ ਦਾ ਥੀਮ "ਸਾਰਿਆਂ ਲਈ ਟੀਕਾਕਰਨ ਮਨੁੱਖੀ ਤੌਰ 'ਤੇ ਸੰਭਵ ਹੋਵੇ " ਰੱਖਿਆ ਗਿਆ ਏ । ਇਹ ਥੀਮ ਇਸ ਗੱਲ 'ਤੇ ਜ਼ੋਰ ਦਿੰਦਾ ਏ ਕਿ ਜੀਵਨ

ਰੱਖਿਅਕ ਟੀਕਿਆਂ ਤੱਕ ਪਹੁੰਚ, ਹਰ ਉਮਰ ਅਤੇ ਸਥਾਨ ਦੇ ਲੋਕਾਂ ਲਈ ਯਕੀਨੀ ਬਣਾਈ ਜਾਣੀ ਚਾਹੀਦੀ ਏ। ਵਿਸ਼ਵ ਸਿਹਤ ਸੰਗਠਨ ਦਾ ਦਾਅਵਾ ਏ ਕਿ ਪਿਛਲੇ 50 ਸਾਲਾਂ ਵਿੱਚ, ਜ਼ਰੂਰੀ ਟੀਕਿਆਂ ਨੇ ਘੱਟੋ-ਘੱਟ 15 ਕਰੋੜ 40 ਲੱਖ ਲੋਕਾਂ ਦੀ ਜਾਨ ਬਚਾਈ ਏ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਭਾਰਤ, ਸਾਰੇ ਦਹਿਸ਼ਤਗਰਦਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਸਖ਼ਤ ਸਜ਼ਾ ਦੇਵੇਗਾ।
- ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਮੱਦੇਨਜ਼ਰ, ਸਰਕਾਰ ਵਲੋਂ ਅੱਜ ਦਿੱਲੀ ਵਿੱਚ ਇੱਕ ਸਰਬ-ਪਾਰਟੀ ਮੀਟਿੰਗ ਕੀਤੀ ਜਾ ਰਹੀ ਏ।
- ਭਾਰਤ ਵੱਲੋਂ ਪਾਕਿਸਤਾਨ ਖਿਲਾਫ ਕੀਤੀ ਗਈ ਕਾਰਵਾਈ ਦੇ ਮੱਦੇਨਜ਼ਰ ਪੰਜਾਬ ਵਿਚ ਅਟਾਰੀ ਹੁਸੈਨੀਵਾਲਾ ਅਤੇ ਸਾਦਕੀ ਸਰਹੱਦ ਦੇ ਭਾਰਤੀ ਪਾਸੇ ਦੇ ਗੇਟ ਨਹੀਂ ਖੁੱਲ੍ਹਣਗੇ।
- ਕੌਮੀ ਪੰਚਾਇਤੀ ਰਾਜ ਦਿਵਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਨਸ਼ਾ ਮੁਕਤ ਪਿੰਡਾਂ ਲਈ ਵੱਡੇ ਪ੍ਰਾਜੈਕਟਾਂ ਸਮੇਤ ਮਾਲੀ ਮਦਦ ਦੇਣ ਦਾ ਕੀਤਾ ਐਲਾਨ।

- ਆਕਾਸ਼ਵਾਣੀ ਅਤੇ ਦੂਰਦਰਸ਼ਨ ਜਲੰਧਰ ਵਲੋਂ OTT ਪਲੇਟਫਾਰਮ WAVES ਬਾਰੇ ਆਮ ਲੋਕਾਂ ਨੂੰ ਮੀਡਿਆ ਰਾਹੀਂ ਜਾਗਰੂਕ ਕਰਨ ਲਈ ਇਕ ਪ੍ਰੈਸ ਕਾਨਫਰੰਸ ਆਯੋਜਿਤ ।
- ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਲੋਂ ਕੁਦਰਤੀ ਸਰੋਤਾਂ ਦੀ ਸੰਭਾਲ ਦੇ ਸੱਦੇ ਨਾਲ ਇਕ ਰੋਜ਼ਾ ਵਰਕਸ਼ਾਪ ਕਰਵਾਈ ਗਈ।

ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜ 30 ਮਿੰਟ 'ਤੇ ਨਮਸਕਾਰ !